ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜਿਲਕਾ

ਡਿਪਟੀ ਕਮਿਸ਼ਨਰ ਵੱਲੋਂ ਮਾਲ ਵਿਭਾਗ ਦੇ ਅਧਿਕਾਰੀਆਂ ਨਾਲ ਵੀਡੀਓ ਕਾਨਫਰੰਸ

ਵਿਭਾਗੀ ਕੰਮ ਕਾਜ ਦੀ ਕੀਤੀ ਸਮੀਖਿਆ

ਲੋਕਾਂ ਨੂੰ ਕੋਵਿਡ ਟੈਸਟ ਕਰਵਾਉਣ ਲਈ ਪ੍ਰੇਰਿਤ ਕਰਨ ਲਈ ਕਿਹਾ

ਫਾਜ਼ਿਲਕਾ, 31 ਅਗਸਤ

ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਅੱਜ ਜ਼ਿਲੇ ਦੇ ਮਾਲ ਵਿਭਾਗ ਦੇ ਕੰਮਕਾਜ ਦੀ ਮਹੀਨਾਵਾਰ ਸਮੀਖਿਆ ਲਈ ਵਿਭਾਗ ਦੇ ਅਧਿਕਾਰੀਆਂ ਨਾਲ ਵੀਡੀਓ ਕਾਨਫਰੰਸ ਕੀਤੀ। ਇਸ ਦੌਰਾਨ ਉਨਾਂ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਵਿਭਾਗੀ ਕੰਮ ਕਾਜ ਦੇ ਨਾਲ ਨਾਲ ਲੋਕਾਂ ਨੂੰ ਕੋਵਿਡ ਦੇ ਖਤਰੇ ਤੋਂ ਬਚਾਉਣ ਲਈ ਆਪਣੀ ਸਮਾਜਿਕ ਜਿੰਮੇਵਾਰੀ ਵੀ ਨਿਭਾਉਂਦੇ ਰਹਿਣ।

ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਕਿਹਾ ਕਿ ਅਧਿਕਾਰੀ ਲੋਕਾਂ ਨੂੰ ਜਾਗਰੂਕ ਕਰਨ ਕਿ ਉਹ ਕੋਵਿਡ ਦੇ ਲੱਛਣ ਵਿਖਾਈ ਦੇਣ ਤੇ ਬਿਨਾਂ ਕਿਸੇ ਡਰ ਦੇ ਟੈਸਟ ਕਰਵਾਉਣ। ਉਨਾਂ ਨੇ ਕਿਹਾ ਕਿ ਹੁਣ ਬਿਨਾਂ ਲੱਛਣ ਵਾਲੇ ਕੋਵਿਡ ਪਾਜਿਟਿਵ ਮਰੀਜਾਂ ਨੂੰ ਘਰ ਵਿਚ ਹੀ ਇਕਾਂਤਵਾਸ ਹੋਣ ਦੀ ਛੋਟ ਸਰਕਾਰ ਨੇ ਦੇ ਦਿੱਤੀ ਹੈ। ਇਸ ਲਈ ਲੋਕਾਂ ਨੂੰ ਇਸ ਸਬੰਧੀ ਜਾਗਰੂਕ ਕੀਤਾ ਜਾਵੇ ਅਤੇ ਦੱਸਿਆ ਜਾਵੇ ਕਿ ਜੇਕਰ ਸਮੇਂ ਸਿਰ ਬਿਮਾਰੀ ਦਾ ਪਤਾ ਲੱਗ ਜਾਵੇ ਤਾਂ ਇਸ ਬਿਮਾਰੀ ਦੇ ਪਸਾਰ ਨੂੰ ਰੋਕਿਆ ਜਾ ਸਕਦਾ ਹੈ।

ਇਸੇ ਤਰਾਂ ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਬਰਸਾਤਾਂ ਕਾਰਨ ਹੋਏ ਨੁਕਸਾਨ ਸਬੰਧੀ ਰਿਪੋਟ ਭੇਜਣ ਅਤੇ ਜਿੱਥੇ ਪਾਣੀ ਭਰਿਆ ਹੈ ਉਸਦੀ ਨਿਕਾਸੀ ਲਈ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਕੰਮ ਕਰਨ ਦੇ ਹੁਕਮ ਵੀ ਦਿੱਤੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਕਾਰੀ ਡਿਊਟੀ ਨਿਭਾਉਂਦੇ ਸਮੇਂ ਅਧਿਕਾਰੀ ਕੋਵਿਡ ਸਬੰਧੀ ਸਾਰੀਆਂ ਸਾਵਧਾਨੀਆਂ ਦਾ ਸਖ਼ਤੀ ਨਾਲ ਪਾਲਣ ਕਰਨ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਵਿਭਾਗੀ ਮਾਲੀਆਂ ਪ੍ਰਾਪਤੀ ਦੇ ਟੀਚਿਆ ਦੀ ਪ੍ਰਾਪਤੀ ਲਈ ਨਿੱਘਰ ਯਤਨ ਕਰਨ ਅਤੇ ਜੋ ਵਸੂਲੀਆਂ ਬਕਾਇਆ ਹਨ ਉਸ ਲਈ ਵੀ ਉਪਰਾਲੇ ਕੀਤੇ ਜਾਣ। ਜ਼ਿਲਾ ਮਾਲ ਅਫ਼ਸਰ ਸ੍ਰੀ ਡੀਪੀ ਪਾਂਡੇ ਨੇ ਦੱਸਿਆ ਕਿ ਮਾਲ ਵਿਭਾਗ ਦੀ ਮੁੱਖ ਮਾਲੀਆਂ ਮੱਦ ਅਧੀਨ ਇਸ ਸਾਲ ਜ਼ਿਲੇ ਵਿਚ 12,89,59,196 ਰੁਪਏ ਦੀ ਮਾਲੀਆ ਪ੍ਰਾਪਤੀ ਹੋਈ ਹੈ।

ਇਸ ਮੌਕੇ ਸਹਾਇਕ ਕਮਿਸ਼ਨਰ ਜਨਰਲ ਸ: ਕੰਵਰਜੀਤ ਸਿੰਘ ਵੀ ਹਾਜਰ ਸਨ ਜਦ ਕਿ ਬਾਕੀ ਮਾਲ ਅਧਿਕਾਰੀਆਂ ਨੇ ਆਪੋ ਆਪਣੇ ਦਫ਼ਤਰਾਂ ਤੋਂ ਆਨਲਾਈਨ ਮੀਟਿੰਗ ਵਿਚ ਸ਼ਿਰਕਤ ਕੀਤੀ।

I/70600/2020





**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਪੰਜਾਬ ਅਚੀਵਮੈਂਟ ਸਰਵੇ ਦੀ ਕੀਤੀ ਗਈ ਸ਼ੁਰੂਆਤ**

**ਸੌ ਫੀਸਦੀ ਟੀਚੀਆਂ ਦੀ ਪ੍ਰਾਪਤੀ ਲਈ ਕੀਤੀ ਗਈ ਤਿਆਰੀ-ਡਾ. ਸਿੱਧੂ**

**ਸਾਰੇ ਵਿਦਿਆਰਥੀਆਂ ਨੂੰ ਇਸ ਦਾ ਹਿੱਸਾ ਬਣਾਉਣ ਲਈ ਕੀਤੇ ਜਾ ਰਹੇ ਹਨ ਉਪਰਾਲੇ-ਡਾ. ਬੱਲ**

ਫਾਜ਼ਿਲਕਾ 31 ਅਗਸਤ

ਨੈਸ਼ਨਲ ਅਚੀਵਮੈਂਟ ਸਰਵੇ ਦੇ ਅਧਾਰ ਤੇ ਸਕੂਲ ਸਿੱਖਿਆ ਵਿਭਾਗ ਵੱਲੋਂ ਸਿੱਖਿਆ ਸਕੱਤਰ ਕ੍ਰਿਸ਼ਨ ਕੁਮਾਰ ਅਤੇ ਉਨ੍ਹਾਂ ਦੀ ਸਮੁਚੀ ਟੀਮ ਦੁਆਰਾ ਪੂਰੀ ਰੂਪ ਰੇਖਾ ਉਲੀਕ ਕੇ ਪੰਜਾਬ ਪ੍ਰਾਪਤੀ ਸਰਵੇਖਣ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਸੈਕੰਡਰੀ ਸਿੱਖਿਆ ਅਧਿਕਾਰੀ ਡਾ. ਤ੍ਰਿਲੋਚਨ ਸਿੰਘ ਸਿੱਧੂ ਨੇ ਦੱਸਿਆ ਕਿ ਨੈਸ਼ਨਲ ਅਚੀਵਮੈਂਟ ਸਰਵੇ ਵਿੱਚ ਸੌ ਫੀਸਦੀ ਟੀਚੀਆਂ ਦੀ ਪ੍ਰਾਪਤੀ ਦੇ ਮਕਸਦ ਨਾਲ ਪੰਜਾਬ ਅਚੀਵਮੈਂਟ ਸਰਵੇ ਦੀ ਵਿਸ਼ਾਵਾਰ ਸ਼ੁਰੂਆਤ ਕਰ ਦਿੱਤੀ ਗਈ ਹੈ, ਜਿਸ ਵਿੱਚ ਜ਼ਿਲ੍ਹਾ ਭਰ ਦੇ ਸਰਕਾਰੀ ਅਤੇ ਏਡਡ ਸਕੂਲਾਂ ਦੇ ਵਿਦਿਆਰਥੀ ਹਿੱਸਾ ਲੈ ਰਹੇ ਹਨ, ਇਸ ਮੁਲਾਕਣ ਤਹਿਤ 31 ਅਗਸਤ ਨੂੰ ਪੰਜਾਬੀ, 1 ਸਤੰਬਰ ਨੂੰ ਗਣਿਤ, 2 ਸਤੰਬਰ ਨੂੰ ਵਿਗਿਆਨ, 3 ਸਤੰਬਰ ਨੂੰ ਅੰਗ੍ਰੇਜੀ, 4 ਸਤੰਬਰ ਨੂੰ ਹਿੰਦੀ ਅਤੇ 5 ਸਤੰਬਰ ਨੂੰ ਸਮਾਜਿਕ ਸਿੱਖਿਆ ਵਿਸ਼ੇ ਦਾ ਮੁਲਾਕਣ ਕਰਵਾਇਆ ਜਾ ਰਿਹਾ ਹੈ।ਇਹ ਟੈਸਟਿੰਗ ਪ੍ਰਕਿਰਿਆ 10ਵੀਂ ਅਤੇ 12ਵੀਂ ਜਮਾਤ ਪਾਸ ਕਰਨ ਉਪਰੰਤ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਪਾਸ ਕਰਨ ਦੇ ਵਿੱਚ ਵੀ ਸਹਾਈ ਹੋਵੇਗੀ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐਲੀਮੈਂਟਰੀ ਸਿੱਖਿਆ ਅਧਿਕਾਰੀ ਡਾ. ਸੁਖਵੀਰ ਸਿੰਘ ਬੱਲ ਨੈਸ਼ਨਲ ਅਵਾਰਡੀ ਨੇ ਦੱਸਿਆ ਕਿ ਇਸ ਤੋਂ ਪਹਿਲਾ ਉਪਰੋਕਤ ਸਾਰੇ ਵਿਸ਼ਿਆਂ ਦਾ ਪ੍ਰਾਇਮਰੀ ਅਤੇ ਸੈਕੰਡਰੀ ਵਰਗ ਦੇ ਵਿਦਿਆਰਥੀਆਂ ਦਾ ਸਾਂਝਾ ਟੈਸਟ ਹੋ ਚੁੱਕਿਆ ਹੈ।ਸਿਲਸਿਲੇ ਨੂੰ ਦੂਜੇ ਪੜਾਅ ਵਜੋਂ ਸ਼ੁਰੂ ਕਰਦੇ ਹੋਏ ਸਰਵੇਖਣ ਲਈ 6 ਵਿਸ਼ਿਆਂ ਲਈ ਅਲੱਗ-ਅਲੱਗ ਟੈਸਟਿੰਗ ਕੀਤੀ ਜਾ ਰਹੀ ਹੈ।

ਇਸ ਟੈਸਟਿੰਗ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਗੌਤਮ ਗੌੜ ਡੀ.ਐਮ ਨੇ ਦੱਸਿਆ ਕਿ  ਸਕੂਲ ਮੁਖੀਆਂ, ਅਧਿਆਪਕਾਂ, ਬੀ.ਪੀ.ਈ.ਓਜ, ਸੈਂਟਰ ਹੈਡ ਟੀਚਰ, ਜ਼ਿਲ੍ਹਾ ਮੈਂਟਰ ਅਤੇ ਬਲਾਕ ਮੈਂਟਰਜ ਅਤੇ ਪੜ੍ਹੋ ਪੰਜਾਬ ਪੜ੍ਹਾਓ ਪੰਜਾਬ ਦੀ ਟੀਮ ਵੀ ਪੂਰੀ ਤਿਆਰੀ ਨਾਲ ਪੰਜਾਬ ਪ੍ਰਾਪਤੀ ਸਰਵੇਖਣ ਲਈ ਲੱਗੀ ਹੋਈ ਹੈ। ਇਸ ਟੈਸਟਿੰਗ ਲਈ ਲੋੜੀਂਦੀ ਸਿੱਖਿਆ ਸਮੱਗਰੀ ਅਧਿਆਪਕਾਂ ਰਾਹੀਂ ਬੱਚਿਆਂ ਤੱਕ ਪੁੱਜਦੀ ਕੀਤੀ ਜਾ ਰਹੀ ਹੈ।

ਇਸ ਮੌਕੇ ਡਿਪਟੀ ਡੀਈਓ ਬ੍ਰਿਜ ਮੋਹਨ ਸਿੰਘ ਬੇਦੀ, ਅਸ਼ੋਕ ਧਮੀਜਾ ਡੀ.ਐਮ ਅਤੇ ਨਰੇਸ਼ ਸ਼ਰਮਾ ਡੀ.ਐਮ ਹਾਜ਼ਿਰ ਰਹੇ।